# ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਬਠਿੰਡਾ

DEOSE.BATHINDA@PUNJABEDUCATION.GOV.IN

ਵੱਲ,

**ਪ੍ਰਿੰਸੀਪਲ / ਮੁੱਖ ਅਧਿਆਪਕ / ਇੰਚਾਰਜ**

**ਸਸਸਸ / ਸਹਸ , ਜਿਲ੍ਹਾ ਬਠਿੰਡਾ।**

ਪੱਤਰ ਨੰ: ਅ-5/1( )2022/ਤਿਮਾਹੀ ਰਿਪੋਰਟ/1283-85

ਮਿਤੀ ਬਠਿੰਡਾ- 19.01.2023

ਵਿਸ਼ਾ- **ਪੈਨਸ਼ਨ ਕੇਸਾਂ / ਪੈਨਸ਼ਨਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ ਮੁੱਕਦੀ ਤਿਮਾਹੀ ਮਿਤੀ 31.12.2022 ਤੱਕ ਦੀ ਰਿਪੋਰਟ ਭੇਜਣ ਸਬੰਧੀ।**

ਹਵਾਲਾ - **ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ ਐਸ.ਐਸ ਨਗਰ ਦੇ ਮੀਮੋ ਨੰ 12/02-2017ਬ(3) 202316880-881ਮਿਤੀ 19.01.2023 ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਹਵਾਲਾ ਪੱਤਰ ਅਨੁਸਾਰ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਡਾਇਰੈਕਟਰ ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ ਨੂੰ ਪੈਨਸ਼ਨ ਕੇਸਾਂ / ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਨੂੰ ਮੋਨੀਟਰ ਕਰਨ ਲਈ ਮੁੱਕਦੀ ਤਿਮਾਹੀ ਮਿਤੀ 31.12.2022 ਦੇ ਕੇਸਾਂ ਸਬੰਧੀ ਸੂਚਨਾ ਭੇਜੀ ਜਾਣੀ ਹੈ। ਇਸ ਸਬੰਧੀ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁੱਕਦੀ ਤਿਮਾਹੀ ਮਿਤੀ 31.12.2022 ਤੱਕ ਦੇ ਪੈਨਸ਼ਨ ਕੇਸਾਂ ਸਬੰਧੀ ਸੂਚਨਾ ਰਾਵੀ ਲਿਪੀ ਵਿੱਚ ਪੈਨਸ਼ਨ ਵਿਭਾਗ ਵਲੋਂ ਨਿਰਧਾਰਿਤ ਪ੍ਰੋਫਾਰਮਿਆਂ ਅਨੁਸਾਰ ਤਿਆਰ ਕਰਕੇ ਕੇਵਲ GOOGLE SHEET (ਨਾਲ ਨੱਥੀ) ਵਿੱਚ ਕੱਲ ਮਿਤੀ 20.01.2023 ਸ਼ਾਮ 3 ਵਜੇ ਤੱਕ ਕੇਵਲ ਰਾਵੀ ਲਿਪੀ ਵਿੱਚ ਹੀ ਭੇਜੀ ਜਾਵੇ। ਆਪ ਨੂੰ GOOGLE SHEET (Spreadsheet) ਦਾ Link ਨੱਥੀ word file ਵਿੱਚ ਅਤੇ ਵਾਟਸਅੱਪ ਗਰੁੱਪ ਵਿੱਚ Share ਕੀਤਾ ਜਾਂਦਾ ਹੈ।

ਪਿਛਲੇ ਸਮੇਂ ਦੌਰਾਨ ਤਿਮਾਹੀ ਰਿਪੋਰਟਾਂ ਭੇਜਣ ਸਮੇਂ ਇਹ ਵੇਖਣ ਵਿਚ ਆਇਆ ਹੈ ਕਿ ਕਈ ਸਕੂਲਾਂ ਵਲੋਂ ਇਹ ਸੂਚਨਾ ਸਮੇਂ ਸਿਰ ਨਹੀ ਭੇਜੀ ਜਾਂਦੀ ਅਤੇ ਕਈ ਸਕੂਲਾਂ ਵਲੋਂ ਸੂਚਨਾ ਅਧੂਰੀ ਭੇਜੀ ਜਾਂਦੀ ਹੈ, ਜਿਸ ਕਾਰਨ ਦਫਤਰੀ ਸਮਾਂ ਖਰਾਬ ਹੁੰਦਾ ਹੈ। ਇਸ ਸਬੰਧੀ ਮੁੱਖ ਦਫਤਰ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ ਅਤੇ ਸਖਤ ਹਦਾਇਤ ਕੀਤੀ ਗਈ ਹੈ ਕਿ ਜਿਸ ਸਕੂਲ ਵਲੋਂ ਇਹ ਸੂਚਨਾ ਸਮੇਂ ਸਿਰ ਨਹੀਂ ਭੇਜੀ ਜਾਂਦੀ, ਉਸ ਸਕੂਲ ਮੁੱਖੀ /ਕਲਰਕ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਰਿਪੋਰਟ ਨਿਰਧਾਰਿਤ ਮਿਤੀ ਤੱਕ ਭੇਜਣੀ ਯਕੀਨੀ ਬਣਾਈ ਜਾਵੇ।

ਕਿਸੇ ਵੀ ਪ੍ਰਕਾਰ ਦੀ ਦੇਰੀ/ਅਣਗਹਿਲੀ ਅਤੇ ਅਧੂਰੀ ਸੂਚਨਾ ਦੀ ਸੂਰਤ ਵਿੱਚ ਸਬੰਧਤ ਸਕੂਲ ਮੁੱਖੀ/ਡੀ.ਡੀ.ਓ ਅਤੇ ਕਲਰਕ ਦੀ ਨਿਰੋਲ ਜ਼ਿੰਮੇਵਾਰੀ ਹੋਵੇਗੀ।

ਨੋਟ - ਨੱਥੀ Instructions **ਅਨੁਸਾਰ ਹੀ ਸੂਚਨਾ ਭੇਜੀ ਜਾਵੇ ਅਤੇ ਸੂਚਨਾ ਕੇਵਲ ਰਾਵੀ ਫੌਂਟ ਵਿੱਚ ਹੀ ਭੇਜੀ ਜਾਵੇ।**

19/01/2023
ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ।

ਪਿੱਠ ਅੰਕਣ ਨੰ: ਅ-5/1( )2023/ਤਿਮਾਹੀ ਰਿਪੋਰਟ/ ਮਿਤੀ 19.01.2023

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ –

1. ਮਾਨਯੋਗ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ ਐਸ.ਏ.ਐਸ ਨਗਰ।
2. ਮਾਨਯੋਗ ਡਾਇਰੈਕਟਰ ਪੈਨਸ਼ਨ ਅਤੇ ਪੈਨਸ਼ਨਰਾਂ ਭਲਾਈ ਵਿਭਾਗ, ਸੈਕਟਰ-33 ਚੰਡੀਗੜ੍ਹ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸਹੀ/-
ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ

Scanned with OKEN Scanner